**ਬਿਲਾਵਲੁ ਮਹਲਾ ੫ ॥ ਸੋਈ ਮਲੀਨੁ ਦੀਨੁ ਹੀਨੁ ਜਿਸੁ ਪ੍ਰਭੁ ਬਿਸਰਾਨਾ ॥ ਕਰਨੈਹਾਰੁ ਨ ਬੂਝਈ ਆਪੁ ਗਨੈ ਬਿਗਾਨਾ ॥੧॥ ਦੂਖੁ ਤਦੇ ਜਦਿ ਵੀਸਰੈ ਸੁਖੁ ਪ੍ਰਭ ਚਿਤਿ ਆਏ ॥ ਸੰਤਨ ਕੈ ਆਨੰਦੁ ਏਹੁ ਨਿਤ ਹਰਿ ਗੁਣ ਗਾਏ ॥੧॥ ਰਹਾਉ ॥ ਊਚੇ ਤੇ ਨੀਚਾ ਕਰੈ ਨੀਚ ਖਿਨ ਮਹਿ ਥਾਪੈ ॥ ਕੀਮਤਿ ਕਹੀ ਨ ਜਾਈਐ ਠਾਕੁਰ ਪਰਤਾਪੈ ॥ ੨॥ ਪੇਖਤ ਲੀਲਾ ਰੰਗ ਰੂਪ ਚਲਨੈ ਦਿਨੁ ਆਇਆ ॥ ਸੁਪਨੇ ਕਾ ਸੁਪਨਾ ਭਇਆ ਸੰਗਿ ਚਲਿਆ ਕਮਾਇਆ ॥ ੩॥ ਕਰਣ ਕਾਰਣ ਸਮਰਥ ਪ੍ਰਭ ਤੇਰੀ ਸਰਣਾਈ ॥ ਹਰਿ ਦਿਨਸੁ ਰੈਣਿ ਨਾਨਕੁ ਜਪੈ ਸਦ ਸਦ ਬਲਿ ਜਾਈ ॥੪॥੨੦॥੫੦॥** {ਪੰਨਾ 813}

ਪਦਅਰਥ:- ਸੋਈ—ਉਹੀ ਮਨੁੱਖ। ਮਲੀਨੁ—ਮੈਲਾ, ਗੰਦਾ। ਦੀਨੁ—ਕੰਗਾਲ। ਹੀਨੁ—ਨੀਚ। ਆਪੁ—ਆਪਣੇ ਆਪ ਨੂੰ। ਗਨੈ—ਸਮਝਦਾ ਹੈ, ਖ਼ਿਆਲ ਕਰਦਾ ਹੈ। ਬਿਗਾਨਾ—ਬੇ-ਗਿਆਨਾ, ਮੂਰਖ।1।

ਤਦੇ—ਤਦੋਂ ਹੀ। ਜਦਿ—ਜਦੋਂ। ਚਿਤਿ—ਚਿੱਤ ਵਿਚ। ਪ੍ਰਭ ਚਿਤਿ ਆਏ—ਪ੍ਰਭੂ ਚਿੱਤ ਵਿਚ ਆਇਆਂ। ਗਾਏ—ਗਾਂਦਾ ਹੈ।1। ਰਹਾਉ।

ਤੇ—ਤੋਂ। ਖਿਨ ਮਹਿ—ਤੁਰਤ। ਥਾਪੈ—ਗੱਦੀ ਤੇ ਬਿਠਾ ਦੇਂਦਾ ਹੈ, ਇੱਜ਼ਤ ਵਾਲਾ ਬਣਾ ਦੇਂਦਾ ਹੈ। ਠਾਕੁਰ ਪਰਤਾਪੈ—ਠਾਕੁਰ ਦੇ ਪਰਤਾਪ ਦੀ।2।

ਲੀਲਾ—ਖੇਲ ਤਮਾਸ਼ੇ। ਸੁਪਨੇ ਕਾ ਸੁਪਨਾ ਭਇਆ—ਜੇਹੜੀ ਚੀਜ਼ ਹੈ ਹੀ ਸੀ ਸੁਪਨਾ, ਉਹ ਆਖ਼ਰ ਸੁਪਨਾ ਹੀ ਬਣ ਗਈ। ਸੰਗਿ—ਨਾਲ। ਕਮਾਇਆ—ਕੀਤੇ ਹੋਏ ਕਰਮ।3।

ਕਰਣ ਕਾਰਣ—ਹੇ ਜਗਤ ਦੇ ਰਚਨਹਾਰ! ਕਰਣ—ਜਗਤ। ਦਿਨਸੁ ਰੈਣਿ—ਦਿਨ ਰਾਤ। ਨਾਨਕੁ ਜਪੈ—ਨਾਨਕ ਜਪਦਾ ਹੈ {ਲਫ਼ਜ਼ 'ਨਾਨਕ' ਅਤੇ 'ਨਾਨਕੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ}। ਸਦ ਸਦ—ਸਦਾ ਹੀ। ਬਲਿ ਜਾਈ—ਸਦਕੇ ਜਾਂਦਾ ਹੈ।4।

ਅਰਥ:- (ਹੇ ਭਾਈ! ਮਨੁੱਖ ਨੂੰ) ਤਦੋਂ ਹੀ ਦੁੱਖ ਵਾਪਰਦਾ ਹੈ ਜਦੋਂ ਇਸ ਨੂੰ ਪਰਮਾਤਮਾ ਭੁੱਲ ਜਾਂਦਾ ਹੈ। ਪਰਮਾਤਮਾ ਮਨ ਵਿਚ ਵੱਸਿਆਂ (ਸਦਾ) ਸੁਖ ਪ੍ਰਤੀਤ ਹੁੰਦਾ ਹੈ। ਪ੍ਰਭੂ ਦਾ ਸੇਵਕ ਸਦਾ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ। ਸੇਵਕਾਂ ਦੇ ਹਿਰਦੇ ਵਿਚ ਇਹ ਆਨੰਦ ਟਿਕਿਆ ਰਹਿੰਦਾ ਹੈ।1। ਰਹਾਉ।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਭੁੱਲ ਜਾਂਦਾ ਹੈ, ਉਹੀ ਮਨੁੱਖ ਗੰਦਾ ਹੈ, ਕੰਗਾਲ ਹੈ, ਨੀਚ ਹੈ। ਉਹ ਮੂਰਖ ਮਨੁੱਖ ਆਪਣੇ ਆਪ ਨੂੰ (ਕੋਈ ਵੱਡੀ ਹਸਤੀ) ਸਮਝਦਾ ਰਹਿੰਦਾ ਹੈ, ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਨੂੰ ਕੁਝ ਸਮਝਦਾ ਹੀ ਨਹੀਂ।1।

(ਪਰ, ਹੇ ਭਾਈ! ਯਾਦ ਰੱਖ) ਪਰਮਾਤਮਾ ਉੱਚੇ (ਆਕੜਖ਼ਾਨ) ਤੋਂ ਨੀਵਾਂ ਬਣਾ ਦੇਂਦਾ ਹੈ, ਅਤੇ ਨੀਵਿਆਂ ਨੂੰ ਇਕ ਖਿਨ ਵਿਚ ਹੀ ਇੱਜ਼ਤ ਵਾਲੇ ਬਣਾ ਦੇਂਦਾ ਹੈ। ਉਸ ਪਰਮਾਤਮਾ ਦੇ ਪਰਤਾਪ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ।2।

(ਹੇ ਭਾਈ! ਦੁਨੀਆ ਦੇ) ਖੇਲ-ਤਮਾਸ਼ੇ (ਦੁਨੀਆ ਦੇ) ਰੰਗ ਰੂਪ ਵੇਖਦਿਆਂ ਵੇਖਦਿਆਂ (ਹੀ ਮਨੁੱਖ ਦਾ ਦੁਨੀਆ ਤੋਂ) ਤੁਰਨ ਦਾ ਦਿਨ ਆ ਪਹੁੰਚਦਾ ਹੈ। ਇਹਨਾਂ ਰੰਗ-ਤਮਾਸ਼ਿਆਂ ਨਾਲੋਂ ਸਾਥ ਮੁੱਕਣਾ ਹੀ ਸੀ, ਉਹ ਸਾਥ ਮੁੱਕ ਜਾਂਦਾ ਹੈ, ਮਨੁੱਖ ਦੇ ਨਾਲ ਕੀਤੇ ਹੋਏ ਕਰਮ ਹੀ ਜਾਂਦੇ ਹਨ।3।

ਹੇ ਜਗਤ ਦੇ ਰਚਨਹਾਰ ਪ੍ਰਭੂ! ਹੇ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ! (ਤੇਰਾ ਦਾਸ ਨਾਨਕ) ਤੇਰੀ ਸਰਣ ਆਇਆ ਹੈ। ਹੇ ਹਰੀ! ਨਾਨਕ ਦਿਨ ਰਾਤ (ਤੇਰਾ ਹੀ ਨਾਮ) ਜਪਦਾ ਹੈ, ਤੈਥੋਂ ਹੀ ਸਦਾ ਸਦਾ ਸਦਕੇ ਜਾਂਦਾ ਹੈ।4। 20। 50।